ਪੀ.ਏ.ਯੂ. ਕ੍ਰਿਸ਼ੀ ਵਿਗਿਆਨ ਕੇਂਦਰ ਬੁੱਧ ਸਿੰਘ ਵਾਲਾ ਮੋਗਾ ਵਲੋਂ ਪਰਾਲੀ ਪ੍ਰਬੰਧਨ ਸਬੰਧੀ ਕਿਸਾਨ ਸੰਮੇਲਨ ਨੂੰ ਸੰਬੋਧਨ ਕਰਦੇ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ। (ਸੱਜੇ) ਪੀ.ਏ.ਯੂ. ਕ੍ਰਿਸ਼ੀ ਵਿਗਿਆਨ ਕੇਂਦਰ ਬੁੱਧ ਸਿੰਘ ਵਾਲਾ ਮੋਗਾ ਵਲੋਂ ਪਰਾਲੀ ਪ੍ਰਬੰਧਨ ਸਬੰਧੀ ਕਿਸਾਨ ਸੰਮੇਲਨ ਦੌਰਾਨ ਹਾਜ਼ਰ ਕਿਸਾਨ। ਤਸਵੀਰਾਂ: ਜਸਪਾਲ ਸਿੰਘ ਬੱਬੀ

ਪੀ.ਏ.ਯੂ. ਕ੍ਰਿਸ਼ੀ ਵਿਗਿਆਨ ਕੇਂਦਰ ਬੁੱਧ ਸਿੰਘ ਵਾਲਾ ਮੋਗਾ ਵਲੋਂ ਪਰਾਲੀ ਪ੍ਰਬੰਧਨ ਸਬੰਧੀ ਕਿਸਾਨ ਸੰਮੇਲਨ

ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕੀਤੀ ਵਿਸ਼ੇਸ਼ ਤੌਰ 'ਤੇ ਸ਼ਿਰਕਤ

ਮੋਗਾ, 27 ਨਵੰਬਰ (ਸੁਰਿੰਦਰਪਾਲ ਸਿੰਘ)- ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਬੁੱਧ ਸਿੰਘ ਵਾਲਾ ਮੋਗਾ ਵਲੋਂ ਡਾ. ਸਤਬੀਰ ਸਿੰਘ ਗੋਸਲ ਉਪ ਕੁਲਪਤੀ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਦੀ ਅਗਵਾਈ ਮੋਗਾ ਜ਼ਿਲ੍ਹੇ ਦੇ ਪਿੰਡ ਰਣਸੀਂਹ ਕਲਾਂ ਵਿਖੇ ਪਰਾਲੀ ਪ੍ਰਬੰਧਨ 'ਤੇ ਕਿਸਾਨ ਸੰਮੇਲਨ ਕਰਵਾਇਆ ਗਿਆ। ਸਮਾਗਮ 'ਚ ਸ਼ਿਵਰਾਜ ਸਿੰਘ ਚੌਹਾਨ ਮੰਤਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰਾਲਾ ਭਾਰਤ ਸਰਕਾਰ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਡਾ. ਐਮ.ਐਲ. ਜਾਟ ਡਾਇਰੈਕਟਰ ਜਨਰਲ ਭਾਰਤੀ ਖੇਤੀ ਖੋਜ ਸੰਸਥਾ ਨਵੀਂ ਦਿੱਲੀ, ਡਾ. ਰਾਜਬੀਰ ਬਰਾੜ ਡਿਪਟੀ ਡਾਇਰੈਕਟਰ ਜਨਰਲ ਭਾਰਤੀ ਖੇਤੀ ਖੋਜ ਸੰਸਥਾ ਨਵੀਂ ਦਿੱਲੀ ਤੇ ਡਾ. ਪਰਵੇਂਦਰ ਸ਼ਿਉਰਾਨ ਡਾਇਰੈਕਟਰ ਆਈ. ਸੀ. ਏ. ਆਰ. ਅਟਾਰੀ ਜ਼ੋਨ-1 ਲੁਧਿਆਣਾ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਸਮਾਗਮ 'ਚ ਪੰਜਾਬ ਰਾਜ ਤੇ ਜ਼ਿਲ੍ਹੇ ਦੇ 580 ਕਿਸਾਨਾਂ ਨੇ ਹਿੱਸਾ ਲਿਆ। ਸਮਾਗਮ ਦੌਰਾਨ ਡਾ. ਸਤਬੀਰ ਸਿੰਘ ਗੋਸਲ ਨੇ ਪਿੰਡ ਰਣਸੀਂਹ ਕਲਾਂ ਵਲੋਂ ਪਿਛਲੇ 6 ਸਾਲਾਂ ਤੋਂ ਪਰਾਲੀ ਨੂੰ ਅੱਗ ਲਗਾਏ ਬਿਨ੍ਹਾਂ ਫ਼ਸਲਾਂ ਦੀ ਕਾਸ਼ਤ ਕਰਨ 'ਤੇ ਵਧਾਈ ਦਿੰਦੇ ਹੋਏ ਵਾਤਾਵਰਨ ਸੰਭਾਲ ਦਾ ਸੁਨੇਹਾ ਆਸ-ਪਾਸ ਦੇ ਪਿੰਡਾਂ ਤੱਕ ਲੈ ਕੇ ਜਾਣ ਲਈ ਪ੍ਰੇਰਿਆ। ਖੇਤੀਬਾੜੀ ਮੰਤਰੀ ਨੇ ਗੋਪਾਲ ਸਿੰਘ ਦੇ ਕਣਕ ਦੇ ਖੇਤਾਂ ਵਿਚ ਹੈਪੀ ਸੀਡਰ ਨਾਲ ਬੀਜਣ ਨਾਲ ਮਿਲੇ ਫ਼ਾਇਦਿਆਂ ਬਾਰੇ ਚਰਚਾ ਕੀਤੀ। ਸ਼ਿਵਰਾਜ ਸਿੰਘ ਚੌਹਾਨ ਨੇ ਅਵਤਾਰ ਸਿੰਘ ਦੇ ਖੇਤ 'ਚ ਜਾ ਕੇ ਪਰਾਲੀ ਪ੍ਰਬੰਧਨ ਦਾ ਆਲੂਆਂ ਦੀ ਖੇਤੀ ਕਰਨ 'ਚ ਮਿੱਟੀ ਦੀ ਸਿਹਤ, ਫ਼ਸਲ ਦਾ ਝਾੜ, ਆਲੂਆਂ ਦੀ ਗੁਣਵੱਤਾ ਆਦਿ ਬਾਰੇ ਚਰਚਾ ਕੀਤੀ। ਇਸ ਤੋਂ ਇਲਾਵਾ ਫ਼ਸਲੀ ਵਿਭਿੰਨਤਾ ਦੇ ਮੱਦੇਨਜ਼ਰ ਜਗਸੀਰ ਸਿੰਘ ਦੀ ਸਰ੍ਹੋਂ ਦੀ ਕਾਸ਼ਤ ਕਰਦੇ ਹੋਏ ਪ੍ਰੈਸੀਸਿੰਗ ਕਰਨ ਨਾਲ ਕਿਸਾਨਾਂ ਦੀ ਆਮਦਨ ਵਿਚ ਹੋਣ ਵਾਲੇ ਵਾਧੇ ਬਾਰੇ ਵਿਚਾਰ-ਵਟਾਂਦਰਾ ਕੀਤਾ। ਪਿੰਡ ਰਣਸੀਂਹ ਕਲਾਂ ਦੀ ਪੰਚਾਇਤ ਵਲੋਂ ਪਿੰਡ ਵਿਚ ਸੀਵਰੇਜ, ਛੱਪੜ ਦਾ ਆਧੁਨਿਕੀਕਰਨ, ਪਲਾਸਟਿਕ ਦੀ ਸਾਂਭ-ਸੰਭਾਲ ਆਦਿ ਕੀਤੇ ਗਏ ਉਪਰਾਲਿਆਂ ਬਾਰੇ ਸ਼ਲਾਘਾ ਕਰਦੇ ਹੋਏ ਵਧਾਈ ਦਿੱਤੀ। ਡਾ. ਮੱਖਣ ਸਿੰਘ ਭੁੱਲਰ ਨਿਰਦੇਸ਼ਕ ਪਸਾਰ ਸਿੱਖਿਆ ਪੀ.ਏ.ਯੂ. ਲੁਧਿਆਣਾ ਨੇ ਪੀ.ਏ.ਯੂ. ਵਲੋਂ ਪਰਾਲੀ ਪ੍ਰਬੰਧਨ ਦੀਆਂ ਤਕਨੀਕਾਂ ਬਾਰੇ ਦੱਸਦੇ ਹੋਏ ਦੱਸਿਆ ਕੇ ਸਾਲ 2025-26 ਦੌਰਾਨ ਅੱਗ ਲੱਗਣ ਦੀਆਂ ਘਟਨਾਵਾਂ ਵਿਚ ਪਿਛਲੇ ਸਾਲ ਨਾਲੋਂ 80 ਪ੍ਰਤੀਸ਼ਤ ਕਮੀ ਆਈ ਹੈ ਜਿਸ ਦਾ ਸਿਹਰਾ ਕਿਸਾਨਾਂ ਅਤੇ ਖੇਤੀ ਸੰਸਥਾਵਾਂ ਨੂੰ ਜਾਂਦਾ ਹੈ। ਪ੍ਰੋਗਰਾਮ ਦੇ ਅਖੀਰ ਵਿਚ ਡਾ. ਕਮਲਦੀਪ ਸਿੰਘ ਮਠਾੜੂ ਡਿਪਟੀ ਡਾਇਰੈਕਟਰ (ਸਿਖਲਾਈ) ਕੇ. ਵੀ. ਕੇ. ਮੋਗਾ, ਡਾ. ਮਨਪ੍ਰੀਤ ਸਿੰਘ ਜੈਦਕਾ ਕੇ.ਵੀ.ਕੇ. ਬੁੱਧ ਸਿੰਘ ਵਾਲਾ, ਡਾ. ਪਰਮਿੰਦਰ ਕੌਰ, ਡਾ. ਪ੍ਰਭਜੋਤ ਕੌਰ, ਡਾ. ਹਰਜੋਤ ਕਮਲ ਸਿੰਘ ਜ਼ਿਲ੍ਹਾ ਭਾਜਪਾ ਪ੍ਰਧਾਨ ਮੋਗਾ, ਡਾ. ਸੀਮਾਂਤ ਗਰਗ ਭਾਜਪਾ ਆਗੂ, ਮੁਖ਼ਤਿਆਰ ਸਿੰਘ ਭਾਜਪਾ ਆਗੂ, ਵਿਜੇ ਸ਼ਰਮਾ, ਪਿੰਡ ਰਣਸੀਂਹ ਕਲਾਂ ਸਰਪੰਚ ਪ੍ਰੀਤਇੰਦਰ ਸਿੰਘ ਮਿੰਟੂ, ਬੂਟਾ ਸਿੰਘ ਰਣਸੀਂਹ ਨੇ ਪ੍ਰੋਗਰਾਮ ਵਿਚ ਸ਼ਾਮਿਲ ਹੋਏ ਖੇਤੀਬਾੜੀ ਮੰਤਰੀ, ਕਿਸਾਨ, ਅਧਿਕਾਰੀ, ਪ੍ਰਿੰਟ ਮੀਡੀਆ ਆਦਿ ਦਾ ਧੰਨਵਾਦ ਕੀਤਾ।

ਹਲਕਾ ਨਿਹਾਲ ਸਿੰਘ ਵਾਲਾ ਦੇ ਇੰਚਾਰਜ ਲੱਗਣ 'ਤੇ ਰਾਜਵਿੰਦਰ ਸਿੰਘ ਧਰਮਕੋਟ ਦਾ ਰਣੀਆ ਪਰਿਵਾਰ ਨੇ ਕੀਤਾ ਸਵਾਗਤ

ਮੋਗਾ, 27 ਨਵੰਬਰ (ਸੁਰਿੰਦਰਪਾਲ ਸਿੰਘ, ਗੁਰਤੇਜ ਸਿੰਘ ਬੱਬੀ)-ਸ਼੍ਰੋਮਣੀ ਅਕਾਲੀ ਦਲ ਦੇ ਟਕਸਾਲੀ ਆਗੂ ਸਵ: ਹਰਿੰਦਰ ਸਿੰਘ ਰਣੀਆ ਦੀ ਧਰਮ-ਪਤਨੀ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਨਰਿੰਦਰ ਕੌਰ ਦੇ ਗ੍ਰਹਿ ਵਿਖੇ ਸ਼੍ਰੋਮਣੀ ਅਕਾਲੀ ਦਲ ਹਲਕਾ ਨਿਹਾਲ ਸਿੰਘ ਵਾਲਾ ਦੇ ਨਵ-ਨਿਯੁਕਤ ਹਲਕਾ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ ਪੁੱਜੇ। ਇਸ ਮੌਕੇ ਯੂਥ ਆਗੂ ਅਮਰਿੰਦਰ ਸਿੰਘ ਵਿੱਕੀ ਧਾਲੀਵਾਲ ਤੇ ਬੀਬੀ ਨਰਿੰਦਰ ਕੌਰ ਨੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਉਣ ਦੇ ਨਾਲ ਉਨ੍ਹਾਂ ਨੂੰ ਵਧਾਈ ਦਿੰਦਿਆਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਅਮਰਿੰਦਰ ਸਿੰਘ ਵਿੱਕੀ ਧਾਲੀਵਾਲ ਤੇ ਬੀਬੀ ਨਰਿੰਦਰ ਕੌਰ ਰਣੀਆ ਨੇ ਸਾਂਝੇ ਤੌਰ 'ਤੇ ਕਿਹਾ ਕਿ ਰਾਜਵਿੰਦਰ ਸਿੰਘ ਧਰਮਕੋਟ ਨੂੰ ਹਲਕਾ ਇੰਚਾਰਜ ਲਗਾਉਣ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ ਕਿਉਂਕਿ ਰਾਜਵਿੰਦਰ ਸਿੰਘ ਧਰਮਕੋਟ ਇਕ ਵੱਡੇ ਸਿਆਸੀ ਪਰਿਵਾਰ ਨਾਲ ਸਬੰਧ ਰੱਖਦੇ ਹਨ ਤੇ ਉਨ੍ਹਾਂ ਦੇ ਪਿਤਾ ਸੀਤਲ ਸਿੰਘ ਦੋ ਵਾਰ ਵਿਧਾਇਕ ਬਣੇ ਤੇ ਉਹ ਪਾਰਲੀਮਾਨੀ ਸਕੱਤਰ ਵੀ ਰਹੇ। ਇਸ ਲਈ ਰਾਜਵਿੰਦਰ ਸਿੰਘ ਧਰਮਕੋਟ ਇਕ ਸਿਆਸੀ ਕੱਦ ਰੱਖਣ ਵਾਲੇ ਨੌਜਵਾਨ ਹਨ ਜਿਨ੍ਹਾਂ ਦੀ ਅਗਵਾਈ ਵਿਚ ਹਲਕਾ ਨਿਹਾਲ ਸਿੰਘ ਵਾਲਾ ਵਿਚ ਸ਼੍ਰੋਮਣੀ ਅਕਾਲੀ ਦਲ ਹੋਰ ਮਜ਼ਬੂਤੀ ਫੜੇਗਾ। ਇਸ ਮੌਕੇ ਗੁਰਸੇਵਕ ਸਿੰਘ, ਦਵਿੰਦਰ ਸਿੰਘ, ਨਾਹਰ ਸਿੰਘ, ਦਿਆਲ ਸਿੰਘ ਆਦਿ ਹਾਜ਼ਰ ਸਨ।

ਹਲਕਾ ਨਿਹਾਲ ਸਿੰਘ ਵਾਲਾ ਦੇ ਇੰਚਾਰਜ ਲੱਗਣ 'ਤੇ ਰਾਜਵਿੰਦਰ ਸਿੰਘ ਧਰਮਕੋਟ ਦਾ ਮੂੰਹ ਮਿੱਠਾ ਕਰਵਾਉਂਦੇ ਹੋਏ ਯੂਥ ਆਗੂ ਅਮਰਿੰਦਰ ਸਿੰਘ ਵਿੱਕੀ ਧਾਲੀਵਾਲ, ਨਾਲ ਹਨ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਨਰਿੰਦਰ ਕੌਰ ਰਣੀਆ ਤੇ ਹੋਰ। ਅਜੀਤ ਤਸਵੀਰ

ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ 30 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਜਾ ਰਹੇ ਅਤਿ-ਆਧੁਨਿਕ ਖੇਡ ਮੈਦਾਨ ਦਾ ਨੀਂਹ ਪੱਥਰ ਰੱਖਿਆ

ਕਿਹਾ-ਨਵੇਂ ਖੇਡ ਮੈਦਾਨ ਨਾਲ ਪਿੰਡ ਦੇ ਖੇਡ ਪ੍ਰੇਮੀਆਂ ਲਈ ਵੱਡਾ ਵਿਕਾਸ ਹੋਵੇਗਾ

ਮੋਗਾ, 27 ਨਵੰਬਰ (ਸੁਰਿੰਦਰਪਾਲ ਸਿੰਘ)-ਅੱਜ ਮੋਗਾ ਹਲਕੇ ਦੇ ਪਿੰਡ ਦੌਲਤਪੁਰਾ ਉਚਾ ਵਿਚ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਸਰਪੰਚ ਮਨਜੀਤ ਕੌਰ ਬਾਠ ਅਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ 30 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਜਾ ਰਹੇ ਅਤਿ-ਆਧੁਨਿਕ ਖੇਡ ਸਟੇਡੀਅਮ ਦਾ ਨੀਂਹ-ਪੱਥਰ ਰੱਖਿਆ। ਇਸ ਮੌਕੇ ਮੌਜੂਦ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਪਿੰਡ ਵਾਸੀਆਂ ਨੇ ਨੌਜਵਾਨਾਂ ਲਈ ਇਸ ਮਹੱਤਵਪੂਰਨ ਤੋਹਫ਼ੇ ਦਾ ਉਤਸ਼ਾਹ ਨਾਲ ਸਵਾਗਤ ਕੀਤਾ। ਆਪਣੇ ਸੰਬੋਧਨ ਵਿਚ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਨਵਾਂ ਖੇਡ ਮੈਦਾਨ ਪਿੰਡ ਦੇ ਖੇਡ ਪ੍ਰੇਮੀਆਂ ਲਈ ਇਕ ਵੱਡਾ ਵਿਕਾਸ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਮੋਗਾ ਹਲਕੇ ਦੇ ਪਿੰਡਾਂ ਵਿਚ ਆਧੁਨਿਕ ਸਹੂਲਤਾਂ ਨਾਲ ਲੈਸ ਸਟੇਡੀਅਮਾਂ ਦੇ ਨਿਰਮਾਣ ਲਈ ਪਹਿਲਾਂ ਹੀ ਲੱਖਾਂ ਰੁਪਏ ਦੀਆਂ ਗਰਾਂਟਾਂ ਜਾਰੀ ਕਰ ਦਿੱਤੀਆਂ ਹਨ ਸਿੱਟੇ ਵਜੋਂ ਇਨ੍ਹਾਂ ਸਟੇਡੀਅਮਾਂ ਦੇ ਨੀਂਹ-ਪੱਥਰ ਰੱਖੇ ਗਏ ਹਨ ਅਤੇ ਮੋਗਾ ਹਲਕੇ ਦੇ ਕਈ ਪਿੰਡਾਂ ਵਿਚ ਉਸਾਰੀ ਦਾ ਕੰਮ ਸ਼ੁਰੂ ਹੋ ਗਿਆ ਹੈ। ਉਨ੍ਹਾਂ ਪਿੰਡ ਵਾਸੀਆਂ ਦਾ ਉਨ੍ਹਾਂ ਵਲੋਂ ਦਿਖਾਏ ਗਏ ਸਤਿਕਾਰ ਲਈ ਧੰਨਵਾਦ ਕੀਤਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਵਲੰਟੀਅਰ ਮੌਜੂਦ ਸਨ।

ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਮੋਗਾ ਹਲਕੇ ਦੇ ਪਿੰਡ ਦੌਲਤਪੁਰਾ ਉਚਾ ਵਿਚ ਇੱਕ ਖੇਡ ਦੇ ਮੈਦਾਨ ਦਾ ਨੀਂਹ-ਪੱਥਰ ਰੱਖਣ ਮੌਕੇ ਪਿੰਡ ਵਾਸੀਆਂ ਨਾਲ। ਤਸਵੀਰ : ਹਰਜੀਤ ਸਿੰਘ

ਕੇਂਦਰ ਸਰਕਾਰਾਂ ਪੰਜਾਬ ਨਾਲ ਹਮੇਸ਼ਾ ਮਤਰੇਈ ਮਾਂ ਵਾਲਾ ਸਲੂਕ ਕਰਦੀਆਂ ਰਹੀਆਂ-ਪ੍ਰਧਾਨ ਖ਼ਾਲਸਾ

ਜ਼ਿਲ੍ਹਾ ਪ੍ਰਧਾਨ ਬਲਰਾਜ ਸਿੰਘ ਖ਼ਾਲਸਾ

ਕਿਸ਼ਨਪੁਰਾ ਕਲਾਂ, 27 ਨਵੰਬਰ (ਅਮੋਲਕ ਸਿੰਘ ਕਲਸੀ)-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਨਿਧੜਕ ਸੰਘਰਸ਼ੀ ਆਗੂ ਜ਼ਿਲ੍ਹਾ ਪ੍ਰਧਾਨ ਬਲਰਾਜ ਸਿੰਘ ਖ਼ਾਲਸਾ ਨੇ ਕਿਹਾ ਕਿ ਕੇਂਦਰ ਸਰਕਾਰਾਂ ਹਮੇਸ਼ਾ ਹੀ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਦੀਆਂ ਰਹੀਆਂ ਹਨ ਤੇ ਇਹ ਰੁਝਾਨ ਲਗਾਤਾਰ ਜਾਰੀ ਹੈ। ਇਸੇ ਕੜੀ ਤਹਿਤ ਕੇਂਦਰ ਸਰਕਾਰ ਹੁਣ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਨੂੰ ਪੰਜਾਬ ਤੋਂ ਖੋਹਣ ਲਈ 131 ਸੰਵਿਧਾਨਿਕ ਸੋਧ ਦੀ ਤਿਆਰੀ ਕਰ ਰਹੀ ਹੈ। ਇਸ ਤੋਂ ਇਲਾਵਾ ਪੰਜਾਬ ਤੋਂ ਦਰਿਆਈ ਪਾਣੀ ਖੋਹਣ ਲਈ ਵੀ ਕੇਂਦਰ ਸਰਕਾਰ ਪੱਬਾਂ ਭਾਰ ਹੈ ਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ 'ਤੇ ਕਬਜ਼ਾ ਕਰਨ ਦੀਆਂ ਸਕੀਮਾਂ ਘੜੀਆਂ ਜਾ ਰਹੀਆਂ ਹਨ ਜੋ ਪੰਜਾਬੀ ਤੇ ਪੰਜਾਬੀਅਤ ਦੇ ਹੱਕਾਂ 'ਤੇ ਡਾਕਾ ਹੈ। ਨਿਧੜਕ ਬੁਲਾਰਾ ਪ੍ਰਧਾਨ ਬਲਰਾਜ ਸਿੰਘ ਖ਼ਾਲਸਾ ਨੇ ਕਿਹਾ ਕਿ ਪੰਜਾਬ ਨੇ ਹਮੇਸ਼ਾ ਆਪਣੇ ਹੱਕਾਂ ਲਈ ਸੰਘਰਸ਼ ਕੀਤੇ ਤੇ ਵੱਡੀਆਂ ਲੜਾਈਆਂ ਲੜਕੇ ਜਿੱਤ ਪ੍ਰਾਪਤ ਕੀਤੀ ਤੇ ਠੀਕ ਉਸੇ ਤਰ੍ਹਾਂ ਪੰਜਾਬ ਦੇ ਉਕਤ ਵਿਰਾਸਤੀ ਅਦਾਰਿਆਂ ਨੂੰ ਬਚਾਉਣ ਲਈ ਪੰਜਾਬੀ ਕਿਸੇ ਵੀ ਕੁਰਬਾਨੀ ਤੋਂ ਪਿੱਛੇ ਨਹੀਂ ਹਟਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਹਿੱਤਾਂ ਤੇ ਹੱਕਾਂ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੂਬਾ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਵਿਚ ਜ਼ੋਰਦਾਰ ਸੰਘਰਸ਼ ਵਿੱਢਿਆ ਜਾਵੇਗਾ। ਇਸ ਮੌਕੇ ਰਾਜਿੰਦਰ ਸਿੰਘ ਬਿੰਦਰ, ਪਰਦੀਪ ਸਿੰਘ, ਜਗਜੀਤ ਸਿੰਘ, ਪਰਮਿੰਦਰ ਸਿੰਘ, ਪ੍ਰੀਤਮ ਸਿੰਘ, ਬਲਜਿੰਦਰ ਸਿੰਘ ਸੰਧੂ, ਜਗਸੀਰ ਸਿੰਘ, ਜਗਤਾਰ ਸਿੰਘ, ਹਰਜਿੰਦਰ ਸਿੰਘ, ਦਰਸ਼ਨ ਸਿੰਘ ਮਾਨ, ਹਰਜੀਤ ਸਿੰਘ, ਸੁਖਰਾਜ ਸਿੰਘ, ਬਲਰਾਜ ਸਿੰਘ ਜੈਮਲ ਵਾਲਾ, ਹਰਪ੍ਰੀਤ ਸਿੰਘ ਲੰਡੇ ਕੇ, ਸ਼ਿੰਗਾਰਾ ਸਿੰਘ, ਗੁਰਦੇਵ ਸਿੰਘ ਆਦਿ ਹਾਜ਼ਰ ਸਨ।

ਸ.ਸ.ਸ.ਸ.ਸ. ਸਿੰਘਾਂਵਾਲਾ ਦੇ ਅਧਿਆਪਕ ਬਲਾਕ ਪੱਧਰੀ ਮੁਕਾਬਲੇ ਵਿਚ ਰਹੇ ਅੱਵਲ

ਮੋਗਾ, 27 ਨਵੰਬਰ (ਸੁਰਿੰਦਰਪਾਲ ਸਿੰਘ)- ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੋਗਾ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਅਸ਼ੀਸ਼ ਕੁਮਾਰ ਸ਼ਰਮਾ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਗੁਰਦਿਆਲ ਸਿੰਘ ਮਠਾੜੂ, ਰਾਜੇਸ਼ ਪਾਲ ਅਰੋੜਾ ਨੋਡਲ ਅਫ਼ਸਰ ਦੀ ਰਹਿਨੁਮਾਈ ਹੇਠ ਬਲਾਕ ਪੱਧਰੀ ਅਧਿਆਪਕ ਮੇਲਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੋਸਾ ਰਣਧੀਰ ਵਿਖੇ ਕਰਵਾਇਆ ਗਿਆ। ਬਲਾਕ ਮੋਗਾ 2 ਦੇ ਅਧਿਆਪਕਾਂ ਨੇ ਵੱਡੀ ਗਿਣਤੀ ਵਿਚ ਹਿੱਸਾ ਲਿਆ। ਜਿਸ ਵਿਚ ਅਧਿਆਪਕਾਂ ਨੇ ਆਪਣੇ ਬਿਹਤਰ ਅਭਿਆਨਾਂ ਨੂੰ ਸਾਂਝਾ ਕਰਨ ਅਤੇ ਸਿੱਖਣ ਨੂੰ ਵਿਦਿਆਰਥੀਆਂ ਲਈ ਦਿਲਚਸਪ ਅਤੇ ਪ੍ਰਭਾਵਸ਼ਾਲੀ ਬਣਾਉਣ ਵਿਚ ਵੱਖ-ਵੱਖ 10 ਸ਼੍ਰੇਣੀਆਂ ਦੇ ਤਹਿਤ ਭਾਗ ਲਿਆ ਜਿਸ ਵਿਚ ਸ.ਸ.ਸ.ਸ. ਸਕੂਲ ਸਿੰਘਾਂਵਾਲਾ ਦੇ ਅਧਿਆਪਕ ਹਰਜਿੰਦਰ ਸਿੰਘ ਨੇ ਪਹਿਲਾ ਸਥਾਨ, ਗੁਰਦੀਪ ਕੌਰ ਪਹਿਲਾ ਸਥਾਨ, ਛੋਹਪ੍ਰੀਤ ਕੌਰ ਪਹਿਲਾ ਸਥਾਨ, ਰਿਤੂ ਬੇਰੀ ਤੀਸਰਾ ਸਥਾਨ ਪ੍ਰਾਪਤ ਕਰਨ ਤੇ ਰਣਜੀਤ ਸਿੰਘ ਇੰਚ ਪ੍ਰਿੰਸੀਪਲ, ਵਲੋਂ ਜੇਤੂ ਅਧਿਆਪਕਾਂ ਦਾ ਸਨਮਾਨ ਕੀਤਾ ਗਿਆ। ਮੈਡਮ ਨੀਲਮ, ਜਸਵੰਤ ਕੌਰ, ਹਰਿੰਦਰ ਕੌਰ, ਅੰਮ੍ਰਿਤਪਾਲ ਸਿੰਘ, ਗੁਰਮੀਤ ਸਿੰਘ, ਗੁਰਪ੍ਰੀਤ ਸਿੰਘ, ਮੁਕੇਸ਼ ਕੁਮਾਰ, ਮੀਨਾਕਸ਼ੀ ਬਾਲਾ, ਸਾਕਸ਼ੀ ਸੂਦ, ਪਰਮਜੀਤ ਕੌਰ, ਸੁਨੀਤਾ, ਗੀਤਾ, ਗੁਰਦੀਪ ਕੌਰ, ਬਬੀਤਾ, ਵਿਨੈ ਕੁਮਾਰ, ਟੀਨਾ, ਸ਼ੈਫੀ ਅਧਿਆਪਕਾਂ ਵਲੋਂ ਵਧਾਈ ਦਿੱਤੀ ਗਈ।

ਸ.ਸ.ਸ.ਸ.ਸ. ਸਿੰਘਾਂਵਾਲਾ ਦੇ ਅੱਵਲ ਆਏ ਅਧਿਆਪਕ ਨੂੰ ਸਨਮਾਨਿਤ ਕਰਨ ਸਮੇਂ।

ਬਲੂਮਿੰਗ ਬਡਜ਼ ਸਕੂਲ ਮੋਗਾ ਵਿਖੇ ਰਾਸ਼ਟਰੀ ਸੰਵਿਧਾਨ ਦਿਵਸ ਨਾਲ ਸਬੰਧਿਤ ਚਾਰਟ ਪੇਸ਼ ਕਰਦੇ ਵਿਦਿਆਰਥੀ ਅਤੇ ਸੰਵਿਧਾਨ ਦੇ ਸਨਮਾਨ ਦਾ ਪ੍ਰਣ ਕਰਦੇ ਹੋਏ ਵਿਦਿਆਰਥੀ। ਅਜੀਤ ਤਸਵੀਰ

ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ

ਮੋਗਾ, 27 ਨਵੰਬਰ (ਜਸਪਾਲ ਸਿੰਘ ਬੱਬੀ)-ਧਰਮ ਦੀ ਆਜ਼ਾਦੀ ਲਈ ਆਪਣਾ ਸੀਸ ਨਿਛਾਵਰ ਕਰਨ ਵਾਲੇ ਹਿੰਦ ਦੀ ਚਾਦਰ ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨ